# ਐਨੀਸਥੀਸੀਆ ਤੋਂ ਬਾਅਦ ਬੱਚੇ ਨੂੰ ਦੁੱਧ ਚੁੰਘਾਉਣਾ



ਬਹੁਤ ਸਾਰੀਆਂ ਔਰਤਾਂ ਜੋ ਬੱਚੇ ਨੂੰ ਦੁੱਧ ਚੁੰਘਾ ਰਹੀਆਂ ਹਨ, ਸਰਜਰੀ ਪ੍ਰਕਿਰਿਆਵਾਂ ਲਈ ਐਨੀਸਥੀਸੀਆ ਲੈਂਦੀਆਂ ਹਨ। ਐਨੀਸਥੀਸੀਆ ਤੋਂ ਜਾਗਣ ਤੋਂ ਬਾਅਦ ਛਾਤੀ ਦਾ ਦੁੱਧ ਚੁੰਘਾਉਣਾ ਆਮ ਤੌਰ 'ਤੇ ਸੁਰੱਖਿਅਤ ਹੁੰਦਾ ਹੈ। ਜ਼ਿਆਦਾਤਰ ਐਨੀਸਥੀਸੀਆ ਦੀਆਂ ਦਵਾਈਆਂ ਅਤੇ ਦਰਦ ਘਟਾਉਣ ਵਾਲੀਆਂ ਦਵਾਈਆਂ ਥੋੜ੍ਹੀ ਮਾਤਰਾ ਵਿੱਚ ਹੀ ਛਾਤੀ ਦੇ ਦੁੱਧ ਵਿੱਚ ਜਾਂਦੀਆਂ ਹਨ ਅਤੇ ਬੱਚਿਆਂ ਜਾਂ ਨੰਨੇ ਬੱਚਿਆਂ ਲਈ ਨੁਕਸਾਨਦੇਹ ਨਹੀਂ ਹੁੰਦੀਆਂ ਹਨ। ਹਾਲਾਂਕਿ, ਕੁੱਝ ਵਾਧੂ ਸਾਵਧਾਨੀਆਂ ਜ਼ਰੂਰੀ ਹੋ ਸਕਦੀਆਂ ਹਨ, ਅਤੇ ਆਪਣੀ ਨਿੱਜੀ ਯੋਜਨਾ ਬਾਰੇ ਆਪਣੇ ਐਨੀਸਥੀਸੀਆ ਮਾਹਰ ਨਾਲ ਗੱਲ ਕਰਨਾ ਮਹੱਤਵਪੂਰਨ ਹੈ।

ਇਹ ਕਿਤਾਬਚਾ ਹੇਠ ਲਿਖੀਆਂ ਗੱਲਾਂ ਕਰੇਗਾ:

- ਤੁਹਾਨੂੰ ਹਾਲ ਹੀ ਵਿੱਚ ਦਿੱਤੇ ਗਏ ਐਨੀਸਥੀਸੀਆ ਤੋਂ ਬਾਅਦ ਬੱਚੇ ਨੂੰ ਦੁੱਧ ਚੁੰਘਾਉਣ ਬਾਰੇ ਆਮ ਜਾਣਕਾਰੀ ਪ੍ਰਦਾਨ ਕਰੇਗਾ
- ਤੁਹਾਨੂੰ ਇਹ ਸਮਝਣ ਵਿੱਚ ਮੱਦਦ ਕਰੇਗਾ ਕਿ ਸਰਜਰੀ ਤੋਂ ਪਹਿਲਾਂ ਅਤੇ ਬਾਅਦ ਦੇ ਸਮੇਂ ਦੌਰਾਨ ਕਿਵੇਂ ਸੁਰੱਖਿਅਤ ਢੰਗ ਨਾਲ ਬੱਚੇ ਨੂੰ ਦੁੱਧ ਚੁੰਘਾਇਆ ਜਾ ਸਕਦਾ ਹੈ
- ਤੁਹਾਨੂੰ ਆਪਣੇ ਐਨੀਸਥੀਸੀਆ ਮਾਹਰ ਤੋਂ ਸਵਾਲ ਪੁੱਛਣ ਲਈ ਉਤਸ਼ਾਹਿਤ ਕਰੇਗਾ

ਜੇਕਰ ਤੁਹਾਡੇ ਕੋਈ ਹੋਰ ਸਵਾਲ ਹਨ, ਤਾਂ ਤੁਹਾਨੂੰ ਆਪਣੇ ਮਾਹਰ ਜਾਂ ਸੰਬੰਧਿਤ ਸਿਹਤ ਪੇਸ਼ੇਵਰ ਤੋਂ ਪੁੱਛਣੇ ਚਾਹੀਦੇ ਹਨ।

## ਤੁਸੀਂ ਸੁਰੱਖਿਅਤ ਹੱਥਾਂ ਵਿੱਚ ਹੋ

ਐਨੀਸਥੀਸੀਆ ਲੈਣ ਲਈ ਆਸਟ੍ਰੇਲੀਆ ਦੁਨੀਆ ਦੇ ਸਭ ਤੋਂ ਸੁਰੱਖਿਅਤ ਸਥਾਨਾਂ ਵਿੱਚੋਂ ਇੱਕ ਹੈ। ਆਸਟ੍ਰੇਲੀਆ ਦੇ ਐਨੀਸਥੇਟਿਸਟ ਜਾਂ ਐਨੀਸਥੀਸੀਆ ਮਾਹਰ ਉੱਚ ਸਿਖਲਾਈ ਪ੍ਰਾਪਤ ਮੈਡੀਕਲ ਮਾਹਰ ਹੁੰਦੇ ਹਨ। ਉਹਨਾਂ ਨੇ ਮੈਡੀਕਲ ਸਕੂਲ ਤੋਂ ਪੜ੍ਹਾਈ ਕੀਤੀ ਹੈ, ਇੰਟਰਨਸ਼ਿਪ ਪੂਰੀ ਕੀਤੀ ਹੈ ਅਤੇ ਘੱਟੋ-ਘੱਟ ਪੰਜ ਸਾਲਾਂ ਲਈ ਐਨੀਸਥੀਸੀਆ ਵਿੱਚ ਵਿਸ਼ੇਸ਼ ਸਿਖਲਾਈ ਹਾਸਲ ਕੀਤੀ ਹੈ। ਇਸ ਸਿਖਲਾਈ ਵਿੱਚ ਐਨੀਸਥੀਸੀਆ, ਦਰਦ ਪ੍ਰਬੰਧਨ, ਰੀਸਸਿਟੇਸ਼ਨ ( ਹੋਸ਼ ਵਿੱਚ ਲਿਆਉਣਾ) ਅਤੇ ਮੈਡੀਕਲ ਐਮਰਜੈਂਸੀ ਨਾਲ ਨਜਿੱਠਣਾ ਸ਼ਾਮਲ ਹੁੰਦਾ ਹੈ।

## ਕੀ ਐਨੀਸਥੀਸੀਆ ਤੋਂ ਬਾਅਦ ਤੁਸੀਂ ਬੱਚੇ ਨੂੰ ਦੁੱਧ ਚੁੰਘਾ ਸਕਦੇ ਹੋ?

ਐਨੀਸਥੀਸੀਆ ਤੋਂ ਬਾਅਦ, ਇੱਕ ਵਾਰ ਜਦੋਂ ਤੁਸੀਂ ਜਾਗ ਜਾਂਦੇ ਹੋ, ਸਹਿਜ ਮਹਿਸੂਸ ਕਰਦੇ ਹੋ ਅਤੇ ਆਪਣੇ ਬੱਚੇ ਨੂੰ ਚੁੱਕਣ ਦੇ ਯੋਗ ਹੋ ਜਾਂਦੇ ਹੋ, ਤਾਂ ਆਮ ਤੌਰ 'ਤੇ ਬੱਚੇ ਨੂੰ ਦੁੱਧ ਚੁੰਘਾਉਣਾ ਸੁਰੱਖਿਅਤ ਹੁੰਦਾ ਹੈ। ਇਸ ਵਿੱਚ ਉਹ ਹਾਲਾਤ ਵੀ ਸ਼ਾਮਲ ਹਨ ਜਦੋਂ ਤੁਹਾਨੂੰ ਆਮ ਨੀਂਦ ਵਾਲੀਆਂ ਦਵਾਈਆਂ, ਐਂਟੀਬਾਇਓਟਿਕਸ, ਐਨੀਸਥੀਸੀਆ ਅਤੇ ਦਰਦ ਘਟਾਉਣ ਵਾਲੀਆਂ ਦਵਾਈਆਂ ਦਿੱਤੀਆਂ ਗਈਆਂ ਹੋਣ।

ਆਸਟ੍ਰੇਲੀਆ ਵਿੱਚ ਹਰ ਸਾਲ ਲਗਭਗ 100,000 ਬੱਚਿਆਂ ਦਾ ਜਨਮ ਸੀਜ਼ੇਰੀਅਨ-ਸੈਕਸ਼ਨ (ਵੱਡੇ ਆਪਰੇਸ਼ਨ) ਰਾਹੀਂ ਹੁੰਦਾ ਹੈ। ਇਨ੍ਹਾਂ ਵਿੱਚੋਂ ਜ਼ਿਆਦਾਤਰ ਮਾਵਾਂ ਆਪਣੇ ਨਵਜਨਮੇ ਬੱਚਿਆਂ ਨੂੰ ਸੁਰੱਖਿਅਤ ਢੰਗ ਨਾਲ ਦੁੱਧ ਚੁੰਘਾਉਂਦੀਆਂ ਹਨ, ਭਾਵੇਂ ਉਹਨਾਂ ਨੂੰ ਸਰਜਰੀ ਲਈ ਸਪਾਈਨਲ, ਐਪੀਡਿਊਰਲ ਜਾਂ ਜਨਰਲ ਐਨੀਸਥੀਸੀਆ ਦਿੱਤਾ ਗਿਆ ਹੋਵੇ ਅਤੇ ਬੱਚੇ ਦੇ ਜਨਮ ਤੋਂ ਬਾਅਦ ਦਰਦ ਘਟਾਉਣ ਵਾਲੀਆਂ ਦਵਾਈਆਂ ਲੈ ਰਹੀਆਂ ਹੋਣ।

ਪਹਿਲਾਂ ਦਿੱਤੀ ਜਾਣ ਵਾਲੀ ਸਲਾਹ ਕਿ ਸਰਜਰੀ ਤੋਂ ਬਾਅਦ 24 ਘੰਟਿਆਂ ਲਈ "ਪੰਪ ਐਂਡ ਡੰਪ" ਕਰੋ, ਹੁਣ ਪੁਰਾਣੀ ਹੋ ਚੁੱਕੀ ਹੈ ਅਤੇ ਇਹ ਬੱਚੇ ਨੂੰ ਦੁੱਧ ਚੁੰਘਾਉਣ ਵਿੱਚ ਅਤੇ ਮਾਂ ਦੇ ਦੁੱਧ ਦੀ ਸਪਲਾਈ ਵਿੱਚ ਰੁਕਾਵਟਾਂ ਪੈਦਾ ਕਰ ਸਕਦੀ ਹੈ। ਇਹ ਬਿਹਤਰ ਹੈ ਕਿ ਤੁਸੀਂ ਆਪਣੇ ਬੱਚੇ ਨੂੰ ਸਰਜਰੀ ਤੋਂ ਬਿਲਕੁਲ ਪਹਿਲਾਂ ਦੁੱਧ ਚੁੰਘਾਉ ਅਤੇ ਖ਼ੂਬ ਸਾਰਾ ਪਾਣੀ ਪੀ ਕੇ ਆਪਣਾ ਸਰੀਰ ਚੰਗੀ ਤਰ੍ਹਾਂ ਹਾਈਡਰੇਟ ਰੱਖੋ।

Australian Society of Anaesthetists®

## ਸਾਵਧਾਨੀਆਂ

ਵੱਧ ਤੋਂ ਵੱਧ ਸੁਰੱਖਿਅਤ ਰਹਿਣ ਲਈ ਇਹ ਸਿਫਾਰਸ਼ ਕੀਤੀ ਜਾਂਦੀ ਹੈ ਕਿ ਤਿੰਨ ਮਹੀਨੇ ਤੋਂ ਘੱਟ ਉਮਰ ਦੇ ਬੱਚੇ, ਜਿਸ ਵਿੱਚ ਨਵਜਨਮੇ ਬੱਚੇ ਵੀ ਸ਼ਾਮਲ ਹਨ, ਨੂੰ ਸ਼ੁਰੂਆਤੀ ਸਮੇਂ 'ਚ ਨਿਗਰਾਨੀ ਹੇਠ ਰੱਖਿਆ ਜਾਵੇ ਜਦੋਂ ਉਨ੍ਹਾਂ ਦੀਆਂ ਮਾਵਾਂ ਦਰਦ ਤੋਂ ਰਾਹਤ ਪਾਉਣ ਲਈ ਤੇਜ਼ ਦਵਾਈ ਲੈ ਰਹੀਆਂ ਹੋਣ। ਦਰਦ ਤੋਂ ਰਾਹਤ ਪਾਉਣ ਵਾਲੀਆਂ ਤੇਜ਼ ਦਵਾਈਆਂ ਜਿਵੇਂ ਕਿ ਔਪੀਓਇਡਸ ਥੋੜ੍ਹੀ ਜਿਹੀ ਮਾਤਰਾ ਵਿੱਚ ਮਾਂ ਦੇ ਦੁੱਧ ਵਿੱਚ ਚਲੀਆਂ ਜਾਂਦੀਆਂ ਹਨ। ਬਹੁਤ ਛੋਟੇ ਅਤੇ ਸਮੇਂ ਤੋਂ ਪਹਿਲਾਂ ਪੈਦਾ ਹੋਏ ਬੱਚੇ (ਜੋ 37 ਹਫ਼ਤਿਆਂ ਤੋਂ ਪਹਿਲਾਂ ਪੈਦਾ ਹੋਏ ਹੋਣ) ਇਨ੍ਹਾਂ ਵਿੱਚੋਂ ਕੁੱਝ ਦਵਾਈਆਂ ਦੇ ਮਾੜੇ ਪ੍ਰਭਾਵਾਂ ਲਈ ਵਧੇਰੇ ਕਮਜ਼ੋਰ ਹੋ ਸਕਦੇ ਹਨ।

ਨਵਜਨਮੇ ਬੱਚਿਆਂ ਅਤੇ ਕੁੱਝ ਦਰਦ ਘਟਾਉਣ ਵਾਲੀਆਂ ਤੇਜ਼ ਦਵਾਈਆਂ ਜਿਵੇਂ ਕਿ ਕੋਡੀਨ, ਟ੍ਰਾਮਾਡੋਲ ਅਤੇ ਔਕਸੀਕੋਡੋਨ ਦੀਆਂ ਉੱਚ ਖ਼ੁਰਾਕਾਂ ਨਾਲ ਸਾਵਧਾਨੀ ਵਰਤਣੀ ਚਾਹੀਦੀ ਹੈ ਕਿਉਂਕਿ ਲੋਕ ਇਨ੍ਹਾਂ ਦਵਾਈਆਂ ਪ੍ਰਤੀ ਵੱਖਰੇ ਢੰਗ ਨਾਲ ਪ੍ਰਤੀਕਿਰਿਆ ਕਰ ਸਕਦੇ ਹਨ। ਯਾਦ ਰੱਖੋ ਕਿ ਇਹ ਦਵਾਈਆਂ ਫਿਰ ਵੀ ਬੱਚੇ ਨੂੰ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਲਈ ਸੁਰੱਖਿਅਤ ਹਨ।

ਕੁੱਝ ਦਵਾਈਆਂ ਅਜਿਹੀਆਂ ਹਨ ਜਿਨ੍ਹਾਂ ਨੂੰ ਜੇ ਸੰਭਵ ਹੋਵੇ ਤਾਂ ਬੱਚੇ ਨੂੰ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਵੱਲੋਂ ਨਹੀਂ ਵਰਤੀਆਂ ਜਾਣੀਆਂ ਚਾਹੀਦੀਆਂ ਹਨ। ਇਹ ਇਸ ਕਰਕੇ ਨਹੀਂ ਕਿ ਉਨ੍ਹਾਂ ਦੇ ਨਵਜਨਮੇ ਬੱਚਿਆਂ 'ਤੇ ਪੈਣ ਵਾਲੇ ਪ੍ਰਭਾਵਾਂ ਬਾਰੇ ਜਾਣਕਾਰੀ ਘੱਟ ਹੈ, ਸਗੋਂ ਇਸ ਲਈ ਕਿ ਨਵਜਨਮੇ ਬੱਚੇ ਪ੍ਰਭਾਵਿਤ ਹੋ ਸਕਦੇ ਹਨ ਅਤੇ ਇਨ੍ਹਾਂ ਦੇ ਬਦਲ ਉਪਲਬਧ ਹਨ। ਇਨ੍ਹਾਂ ਦਵਾਈਆਂ ਵਿੱਚ ਡਾਇਜ਼ੈਪਾਮ, ਪੈਥੀਡਾਈਨ, ਹਾਈਡ੍ਰੋਮੋਰਫੋਨ, ਮੈਥਾਡੋਨ, ਕੋਡੀਨ, ਕ੍ਰਿਨੋਲੋਨਜ਼, ਸਲਫੋਨਾਮਾਈਡਜ਼, ਸਿਪ੍ਰੋਫਲੋਕਸਾਸਿਨ, ਮੈਟ੍ਰੋਨਿਡਾਜ਼ੋਲ ਅਤੇ ਪ੍ਰੈਗਾਬੈਲਿਨ ਸ਼ਾਮਲ ਹਨ। ਧਿਆਨ ਦਿਉ ਕਿ ਉੱਪਰ ਦਿੱਤੀਆਂ ਦਵਾਈਆਂ ਦਾ ਜ਼ਿਕਰ ਉਹਨਾਂ ਦੇ ਮੰਨਜ਼ੂਰਸ਼ੁਦਾ ਜੈਨਰਿਕ ਨਾਮ ਜਾਂ ਦਵਾਈ ਦੀ ਸ਼੍ਰੇਣੀ ਦੇ ਨਾਮ ਦੀ ਵਰਤੋਂ ਕਰਕੇ ਕੀਤਾ ਗਿਆ ਹੈ। ਇਨ੍ਹਾਂ ਸਾਰੀਆਂ ਦੇ ਕੋਈ ਹੋਰ ਵੱਖਰੇ ਬ੍ਰਾਂਡ ਜਾਂ ਵਪਾਰਕ ਨਾਮ ਵੀ ਹੋ ਸਕਦੇ ਹਨ।

ਤੁਸੀਂ ਸਰਜਰੀ ਤੋਂ ਬਾਅਦ ਛਾਤੀ ਦਾ ਦੁੱਧ ਚੁੰਘਾਉਣ ਦੌਰਾਨ ਜਾਂ ਦਰਦ ਘਟਾਉਣ ਵਾਲੀਆਂ ਦਵਾਈਆਂ ਲੈਂਦੇ ਸਮੇਂ ਆਪਣੇ ਬੱਚੇ ਦੇ ਵਿਵਹਾਰ ਵਿੱਚ ਆਏ ਕਿਸੇ ਵੀ ਬਦਲਾਅ ਜਾਂ ਨੀਂਦ ਵਿੱਚ ਹੋਏ ਵਾਧੇ ਲਈ ਆਪਣੇ ਬੱਚੇ ਦੀ ਨੇੜਿਓਂ ਨਿਗਰਾਨੀ ਕਰਨ ਦੀ ਚੋਣ ਵੀ ਕਰ ਸਕਦੇ ਹੋ। ਮਾਪੇ ਅਤੇ ਸਿਹਤ ਸੰਭਾਲ ਪ੍ਰਦਾਤਾ ਨੈਸ਼ਨਲ ਇੰਸਟੀਚਿਊਟ ਆਫ਼ ਹੈਲਥ ਦੇ ਲੈਕਟਮੈਡ ਡੇਟਾਬੇਸ (National Institute of Health's LactMed database) ਦੀ ਵਰਤੋਂ ਕਰਕੇ ਕਿਸੇ ਵੀ ਦਵਾਈ ਦੀ ਜਾਂਚ ਵੀ ਕਰ ਸਕਦੇ ਹਨ। ਜੇਕਰ ਤੁਹਾਨੂੰ ਕੋਈ ਖ਼ਾਸ ਚਿੰਤਾ ਹੋਵੇ ਤਾਂ ਤੁਹਾਨੂੰ ਆਪਣੇ ਐਨੀਸਥੀਸੀਆ ਮਾਹਰ ਨਾਲ ਗੱਲ ਕਰਨ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ।

ਆਮ ਐਨੀਸਥੀਸੀਆ ਵਾਲੀਆਂ ਦਵਾਈਆਂ ਤੋਂ ਬਚਣ ਦੀ ਕੋਈ ਲੋੜ ਨਹੀਂ ਹੈ ਕਿਉਂਕਿ ਇਹ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਲਈ ਸੁਰੱਖਿਅਤ ਹੁੰਦੀਆਂ ਹਨ।

## ਹੋਰ ਜਾਣਕਾਰੀ

ਜੇਕਰ ਤੁਹਾਨੂੰ ਹੋਰ ਜਾਣਕਾਰੀ ਦੀ ਲੋੜ ਹੈ, ਤਾਂ ਕਿਰਪਾ ਕਰਕੇ ਆਪਣੇ ਐਨੀਸਥੀਸੀਆ ਮਾਹਰ, ਸਰਜਨ ਜਾਂ ਪ੍ਰੋਸੀਜਰਲ ਮਾਹਰ ਨਾਲ ਸੰਪਰਕ ਕਰੋ। ਐਨੀਸਥੀਸੀਆ ਅਤੇ ਐਨੀਸਥੇਟਿਕਸ ਬਾਰੇ ਹੋਰ ਜਾਣਕਾਰੀ ASA ਦੀ ਵੈੱਬਸਾਈਟ: www.asa.org.au 'ਤੇ ਮਿਲ ਸਕਦੀ ਹੈ।

ਇਹ ਕਿਤਾਬਚਾ ਐਨੀਸਥੀਸੀਆ ਤੋਂ ਬਾਅਦ ਬੱਚੇ ਨੂੰ ਦੁੱਧ ਚੁੰਘਾਉਣ ਬਾਰੇ ਆਮ ਜਾਣਕਾਰੀ ਪ੍ਰਦਾਨ ਕਰਦਾ ਹੈ। ਇਹ ਤੁਹਾਡੀ ਨਿੱਜੀ ਇਲਾਜ ਯੋਜਨਾ ਬਾਰੇ ਤੁਹਾਡੇ ਮਾਹਰ ਵੱਲੋਂ ਦਿੱਤੀ ਜਾਣ ਵਾਲੀ ਸਲਾਹ ਦਾ ਬਦਲ ਨਹੀਂ ਹੈ। ਇਹ ਯਕੀਨੀ ਬਣਾਉਣ ਲਈ ਹਰ ਯਤਨ ਕੀਤਾ ਗਿਆ ਹੈ ਕਿ ਦਿੱਤੀ ਗਈ ਜਾਣਕਾਰੀ ਸਹੀ ਅਤੇ ਤਾਜ਼ਾ ਹੋਵੇ। ਹਾਲਾਂਕਿ, ਅਸੀਂ ਦਿੱਤੀ ਗਈ ਜਾਣਕਾਰੀ ਦੀ ਸ਼ੁੱਧਤਾ ਜਾਂ ਸੰਪੂਰਨਤਾ ਦੀ ਕੋਈ ਗਾਰੰਟੀ ਜਾਂ ਵਾਰੰਟੀ ਨਹੀਂ ਦਿੰਦੇ ਹਾਂ। ਕਲੀਨਿਕਲ ਖੋਜ ਅਤੇ ਗਿਆਨ ਵਿੱਚ ਤਰੱਕੀ ਦੇ ਕਾਰਨ ਇਹ ਜਾਣਕਾਰੀ ਸਮੇਂ ਦੇ ਨਾਲ ਬਦਲ ਸਕਦੀ ਹੈ। ਇਸ ਕਿਤਾਬਚੇ ਦੀ ਵਰਤੋਂ ਸਿਰਫ਼ ਆਪਣੇ ਮਾਹਰ ਨਾਲ ਸਲਾਹ-ਮਸ਼ਵਰਾ ਕਰਕੇ ਹੀ ਕਰੋ। ਅਸੀਂ ਤਰਜੀਹ ਦਿੰਦੇ ਹਾਂ ਸਾਡੇ ਮੈਂਬਰ ਸਾਡੀ ਸਮੱਗਰੀ ਨੂੰ ਆਪਣੀ ਵੈੱਬਸਾਈਟ 'ਤੇ ਛਾਪਣ ਜਾਂ ਦੁਬਾਰਾ ਪ੍ਰਕਾਸ਼ਿਤ ਕਰਨ ਦੀ ਬਜਾਏ ਸਾਡੀ ਵੈੱਬਸਾਈਟ ਨਾਲ ਲਿੰਕ ਕਰਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਤੁਹਾਡੇ ਕੋਲ ਸਭ ਤੋਂ ਤਾਜ਼ਾ ਜਾਣਕਾਰੀ ਤੱਕ ਪਹੁੰਚ ਹੋਵੇ। ਇਸਦੇ ਨਵੀਨਤਮ ਸੰਸਕਰਣ ਲਈ, ਕਿਰਪਾ ਕਰਕੇ ASA ਵੈੱਬਸਾਈਟ 'ਤੇ ਜਾਓ। ਆਖਰੀ ਸਮੀਖਿਆ 12/03/24 ਨੂੰ ਕੀਤੀ ਗਈ ਸੀ।

© ਆਸਟ੍ਰੇਲੀਅਨ ਸੋਸਾਇਟੀ ਆਫ਼ ਐਨੇਸਥੀਟਿਸਟਸ ਲਿਮਟਿਡ (ASA)।
ਇਸ ਕਿਤਾਬਚੇ ਦਾ ਸਾਰਾ ਜਾਂ ਕੁੱਝ ਹਿੱਸਾ ASA ਤੋਂ ਲਿਖਤੀ ਆਗਿਆ ਲਏ ਬਗ਼ੈਰ ਵਪਾਰਕ ਉਦੇਸ਼ਾਂ ਲਈ ਵਰਤਿਆ, ਬਦਲਿਆ, ਦੁਬਾਰਾ ਤਿਆਰ ਜਾਂ ਵੰਡਿਆ ਨਹੀਂ ਜਾ ਸਕਦਾ ਹੈ।

Australian Society of Anaesthetists®
**PO Box 76, St Leonards, NSW 1590, Australia**
**1800 806 654 | asa@asa.org.au | ABN 16 095 377 370 | asa.org.au**